# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 16-05-2024**

- ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ, ਆਜ਼ਾਦ, ਨਿਰਪੱਖ ਤੇ ਸ਼ਾਂਤਮਈ ਚੋਣਾਂ ਯਕੀਨੀ ਬਣਾਉਣ ਲਈ, ਸਾਰੇ ਜ਼ਿਲ੍ਹਾ ਚੋਣ ਅਫ਼ਸਰਾਂ ਤੇ ਪੁਲਿਸ ਅਧਿਕਾਰੀਆਂ ਨਾਲ ਵੀਡੀਓ ਕਾਨਫਰੰਸਿੰਗ ਰਾਹੀਂ ਚੋਣ ਪ੍ਰਬੰਧਾਂ ਦਾ ਜਾਇਜ਼ਾ ਲਿਆ।
- ਕੇਂਦਰੀ ਏਕੀਕ੍ਰਿਤ ਕੀਟ ਪ੍ਰਬੰਧਨ ਕੇਂਦਰ ਨੇ, ਕਪਾਹ ਤੇ ਫੇਰੋਮੋਨ ਬੇਸ ਟਰੈਪ ਰਾਹੀਂ, ਗੁਲਾਬੀ ਸੁੰਡੀ ਦੀ ਨਿਗਰਾਨੀ ਲਈ ਬਠਿੰਡਾ ਵਿਖੇ ਸਿਖਲਾਈ ਪ੍ਰੋਗਰਾਮ ਆਯੋਜਿਤ ਕੀਤਾ।
- ਪੰਜਾਬ ਵਿੱਚ ਗਰਮੀ ਦਾ ਕਹਿਰ ਦਿਨੋਂ ਦਿਨ ਵੱਧ ਰਿਹਾ ਏ, ਮੌਸਮ ਵਿਭਾਗ ਨੇ ਅਗਲੇ ਚਾਰ ਦਿਨ ਤਕ ਜਬਰਦਸਤ ਲੂ ਸੰਬੰਧੀ ਓਰੇਂਜ ਤੇ ਯੈਲੋ ਅਲਰਟ ਜਾਰੀ ਕੀਤਾ।

---

ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ, ਸੂਬੇ ਵਿੱਚ ਆਜ਼ਾਦ, ਨਿਰਪੱਖ ਅਤੇ ਸ਼ਾਂਤਮਈ ਚੋਣਾਂ ਯਕੀਨੀ ਬਣਾਉਣ ਲਈ ਅੱਜ ਸਾਰੇ ਜ਼ਿਲ੍ਹਾ ਚੋਣ ਅਫ਼ਸਰਾਂ, ਪੁਲਿਸ ਕਮਿਸ਼ਨਰਾਂ ਅਤੇ ਐਸ.ਐਸ.ਪੀਜ਼ ਨਾਲ ਉੱਚ-ਪੱਧਰੀ ਮੀਟਿੰਗ ਕੀਤੀ । ਮੀਟਿੰਗ ਦੌਰਾਨ ਉਨ੍ਹਾਂ ਨੇ ਸੂਬੇ ਵਿੱਚ ਪਹਿਲੀ ਜੂਨ ਨੂੰ ਪੈਣ ਵਾਲੀਆਂ ਵੋਟਾਂ ਸਬੰਧੀ ਜ਼ਿਲ੍ਹਾ ਪੱਧਰ 'ਤੇ ਕੀਤੇ ਗਏ ਪ੍ਰਬੰਧਾਂ ਦਾ ਜਾਇਜ਼ਾ ਲਿਆ । ਵੀਡੀਓ ਕਾਨਫਰੰਸਿੰਗ ਰਾਹੀਂ ਇਹ ਜ਼ਾਇਜਾ ਮੀਟਿੰਗ ਕਰਦਿਆਂ ਸਿਬਿਨ ਸੀ ਨੇ, ਅਧਿਕਾਰੀਆਂ ਨੂੰ ਚੋਣ ਕਮਿਸ਼ਨ ਵਲੋਂ ਜਾਰੀ ਸਾਰੇ ਦਿਸ਼ਾ-ਨਿਰਦੇਸ਼ਾਂ ਦੀ ਸਖ਼ਤੀ ਨਾਲ ਪਾਲਣਾ ਯਕੀਨੀ ਬਣਾਉਣ ਲਈ ਕਿਹਾ । ਉਨ੍ਹਾਂ ਸੂਬੇ ਭਰ ਵਿੱਚ ਨਸ਼ੀਲੇ ਪਦਾਰਥਾਂ, ਨਕਦੀ, ਹਥਿਆਰ, ਅਤੇ ਹੋਰ ਗੈਰ ਕਾਨੂੰਨੀ ਵਸਤਾਂ ਦੀ ਆਮਦ ਰੋਕਣ ਲਈ ਆਦਰਸ਼ ਚੋਣ ਜ਼ਾਬਤੇ ਦੀ ਸਖ਼ਤੀ ਨਾਲ ਪਾਲਣਾ ਦੇ ਨਾਲ-ਨਾਲ, ਉੱਡਣ ਦਸਤਿਆਂ ਤੇ ਆਬਕਾਰੀ ਟੀਮਾਂ ਦੇ ਗਠਨ ਸਮੇਤ ਸਰਹੱਦੀ ਜਾਂਚ ਚੌਕੀਆਂ ਸਥਾਪਤ ਕਰਨ ‘ਤੇ ਜ਼ੋਰ ਦਿੱਤਾ । ਵੋਟਾਂ ਵਾਲੇ ਦਿਨ ਸੰਭਾਵੀ ਗਰਮੀ ਦੇ ਮੱਦੇਨਜ਼ਰ ਸਿਬਿਨ ਸੀ ਨੇ ਅਧਿਕਾਰੀਆਂ ਨੂੰ

ਆਪੋ-ਆਪਣੇ ਜ਼ਿਲ੍ਹਿਆਂ ਵਿੱਚ ਸਾਰੇ ਪੋਲਿੰਗ ਸਟੇਸ਼ਨਾਂ 'ਤੇ ਜਰੂਰੀ ਸਹੂਲਤਾਂ ਯਕੀਨੀ ਬਣਾਉਣ ਲਈ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਨਿਰਪੱਖ ਤੇ ਸ਼ਾਂਤਮਈ ਚੋਣ ਅਮਲ ਯਕੀਨੀ ਬਣਾਉਂਦਿਆਂ 'ਇਸ ਵਾਰ 70 ਪਾਰ' ਦੇ ਟੀਚੇ ਦੀ ਪ੍ਰਾਪਤੀ ਲਈ ਹਰ ਸੰਭਵ ਕਦਮ ਚੁੱਕੇ ਜਾਣ। ਉਨਾਂ ਅਧਿਕਾਰੀਆਂ ਨੂੰ ਪੋਲਿੰਗ ਬੂਥਾਂ 'ਤੇ ਵੋਟਰਾਂ ਦੀ ਸਹੂਲਤ ਲਈ ਵੱਖ –ਵੱਖ ਸੁਵਿਧਾਵਾਂ ਜਿਵੇਂ ਕਿ ਵੋਟਰਾਂ ਨੂੰ ਆਕਰਸ਼ਿਤ ਕਰਨ ਲਈ, ਗੁਲਾਬੀ ਤੇ ਹਰੇ ਰੰਗ ਦੇ ਪੋਲਿੰਗ ਬੂਥਾਂ ਦੇ ਨਾਲ-ਨਾਲ ਨੌਜਵਾਨਾਂ ਅਤੇ ਦਿਵਿਆਂਗ ਵੋਟਰਾਂ ਲਈ ਵੱਖਰੇ ਬੂਥ ਲਗਾਉਣ ਲਈ ਵੀ ਕਿਹਾ। ਇਸ ਦੇ ਨਾਲ ਹੀ ਉਨ੍ਹਾਂ ਦਿਵਿਆਂਗ ਵੋਟਰਾਂ ਲਈ ਵਿਸ਼ੇਸ਼ ਸਹੂਲਤਾਂ ਦਾ ਪ੍ਰਬੰਧ ਕਰਨ ਦੇ ਨਾਲ-ਨਾਲ ਸੂਬੇ ਭਰ ਦੇ ਹਰੇਕ ਪੋਲਿੰਗ ਸਟੇਸ਼ਨ 'ਤੇ ਘੱਟੋ-ਘੱਟ ਇੱਕ ਵ੍ਹੀਲਚੇਅਰ ਦੀ ਉਪਲੱਬਧਤਾ ਯਕੀਨੀ ਬਣਾਉਣ ਲਈ ਵੀ ਕਿਹਾ । ਇਸ ਮੌਕੇ ਕਾਨੂੰਨ ਤੇ ਵਿਵਸਥਾ ਬਾਰੇ ਵਿਸ਼ੇਸ਼ DGP ਅਰਪਿਤ ਸ਼ੁਕਲਾ ਨੇ ਵੀ ਜ਼ਿਲ੍ਹਾ ਪੁਲਿਸ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਸਾਰੀਆਂ ਸਿਆਸੀ ਪਾਰਟੀਆਂ ਅਤੇ ਉਮੀਦਵਾਰਾਂ ਲਈ ਬਰਾਬਰ ਦਾ ਮਾਹੌਲ ਯਕੀਨੀ ਬਣਾਉਣ ਦੇ ਨਾਲ-

ਨਾਲ ਚੋਣਾਂ ਦੌਰਾਨ ਡਰਾਉਣ-ਧਮਕਾਉਣ ਅਤੇ ਭਰਮਾਉਣ ਦੀਆਂ ਕਾਰਵਾਈਆਂ ‘ਤੇ ਨੇੜਿਓਂ ਨਜ਼ਰ ਰੱਖਦਿਆਂ ਸੂਬੇ ਵਿੱਚ ਅਮਨ ਕਾਨੂੰਨ ਦੀ ਸਥਿਤੀ ਨੂੰ ਕਾਇਮ ਰੱਖਣ। ਮੀਟਿੰਗ ਦੌਰਾਨ ਵਧੀਕ ਮੁੱਖ ਚੋਣ ਅਫ਼ਸਰ ਹਰੀਸ਼ ਨਈਅਰ ਅਤੇ ਅਭਿਜੀਤ ਕਪਲਿਸ਼, ਜੁਆਇੰਟ ਮੁੱਖ ਚੋਣ ਅਫ਼ਸਰ ਸਕੱਤਰ ਸਿੰਘ ਬੱਲ ਅਤੇ ਮੁੱਖ ਚੋਣ ਅਧਿਕਾਰੀ ਦਫ਼ਤਰ ਦੇ ਹੋਰ ਅਧਿਕਾਰੀ ਵੀ ਮੌਜੂਦ ਰਹੇ।

---

ਇਸ ਦੌਰਾਨ ਬੀਤੇ ਮਹੀਨੇ ਪਹਿਲੇ ਫੇਸਬੁੱਕ ਲਾਈਵ ਪ੍ਰੋਗਰਾਮ ਦੀ ਕਾਮਯਾਬੀ ਤੋਂ ਬਾਅਦ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਵੱਲੋਂ ਭਲਕੇ 17 ਮਈ ਨੂੰ ਸਵੇਰੇ 11 ਤੋਂ ਸਾਢੇ 11 ਵਜੇ ਤੱਕ 'ਟਾਕ ਟੂ ਯੂਅਰ ਸੀ.ਈ.ਓ. ਪੰਜਾਬ' ਦੇ ਬੈਨਰ ਹੇਠ ਦੂਜਾ ਫੇਸਬੁੱਕ ਲਾਈਵ ਸੈਸ਼ਨ ਕੀਤਾ ਜਾਵੇਗਾ, ਜਿਸ ਦੌਰਾਨ ਉਹ ਵੋਟਰਾਂ ਦੇ ਲੋਕ ਸਭਾ ਚੋਣਾਂ ਨਾਲ ਸਬੰਧਤ ਸਵਾਲਾਂ ਦੇ ਜਵਾਬ ਦੇਣਗੇ। ਇਸ ਪਹਿਲਕਦਮੀ ਦਾ ਇੱਕੋ ਇੱਕ ਉਦੇਸ਼ ਵੋਟਰਾਂ ਵਿਚਾਲੇ ਜਾਗਰੂਕਤਾ ਫੈਲਾਉਣਾ ਅਤੇ ਚੋਣ ਪ੍ਰਕਿਰਿਆ ਨਾਲ ਸਬੰਧਤ ਉਨ੍ਹਾਂ ਦੇ ਸ਼ੰਕਿਆਂ ਨੂੰ ਦੂਰ ਕਰਨਾ ਏ। ਇਸ ਲਾਈਵ ਸੈਸ਼ਨ

ਦੌਰਾਨ ਕੋਈ ਵੀ ਵਿਅਕਤੀ, ਸਵਾਲ ਪੁੱਛ ਸਕਦਾ ਏ ਅਤੇ ਪੋਸਟ 'ਤੇ ਕਮੈਂਟ ਕਰਕੇ ਆਪਣਾ ਫੀਡਬੈਕ ਤੇ ਸੁਝਾਅ ਵੀ ਦੇ ਸਕਦਾ ਏ।

---------------------------------------------------

ਪੰਜਾਬ ਵਿੱਚ ਲੋਕ ਸਭਾ ਚੋਣਾਂ ਲਈ ਦਾਖ਼ਲ ਨਾਮਜ਼ਦਗੀਆਂ ਦੀ ਪੜਤਾਲ ਤੋਂ ਬਾਅਦ ਸਾਰੇ ਹੀ 13 ਹਲਕਿਆਂ ਵਿੱਚ 355 ਉਮੀਦਵਾਰਾਂ ਦੇ ਨਾਮਜ਼ਦਗੀ ਪੱਤਰ ਸਹੀ ਪਾਏ ਗਏ ਨੇ । ਇਨਾਂ ਵਿਚ ਆਜ਼ਾਦ ਉਮੀਦਵਾਰਾਂ ਦੀ ਗਿਣਤੀ 186 ਏ। ਸੂਬੇ ਵਿੱਚ ਕੁੱਲ 466 ਉਮੀਦਵਾਰਾਂ ਨੇ 598 ਨਾਮਜ਼ਦਗੀ ਪੱਤਰ ਦਾਖਲ ਕੀਤੇ ਸਨ। ਸਾਲ  1952 ਤੋਂ ਹੁਣ ਤਕ ਹੋਇਆਂ ਲੋਕਸਭਾ ਚੋਣਾਂ ਵਿਚ ਇਹ ਪਹਿਲਾ ਮੌਕਾ ਏ, ਜਦੋਂ ਸੂਬੇ ਵਿਚ ਇਨੀਂ ਵੱਡੀ ਗਿਣਤੀ ਵਿਚ ਆਜ਼ਾਦ ਉਮੀਦਵਾਰ ਚੋਣ ਮੈਦਾਨ ਵਿਚ ਨਿਤਰੇ ਨੇ। ਸਾਲ 2019 ਦੀਆਂ ਚੋਣਾਂ ਵਿਚ ਆਜ਼ਾਦ ਉਮੀਦਵਾਰਾਂ ਦੀ ਇਹ ਗਿਣਤੀ 123 ਅਤੇ ਸਾਲ 2014 ਵਿਚ 118 ਸੀ। ਭਲਕੇ 17 ਮਈ ਸ਼ਾਮ ਤਿੰਨ ਵਜੇ ਤੱਕ, ਨਾਮਜ਼ਦਗੀ ਪੱਤਰ ਵਾਪਸ ਲਏ ਜਾ ਸਕਣਗੇ ਅਤੇ ਉਸ ਤੋਂ ਬਾਅਦ ਉਮੀਦਵਾਰਾਂ ਦੀ ਪੂਰੀ ਸਥਿਤੀ ਸਾਹਮਣੇ ਆ ਜਾਵੇਗੀ।

---

ਭਾਰਤ ਸਰਕਾਰ ਦੇ ਕੇਂਦਰੀ ਏਕੀਕ੍ਰਿਤ ਕੀਟ ਪ੍ਰਬੰਧਨ ਕੇਂਦਰ ਜਲੰਧਰ ਨੇ, ਫੇਰੋਮੋਨ ਬੇਸ ਟਰੈਪ ਰਾਹੀਂ ਗੁਲਾਬੀ ਸੁੰਡੀ ਦੀ ਨਿਗਰਾਨੀ 'ਤੇ ਜ਼ੋਰ ਦੇਣ ਦੇ ਨਾਲ ਕਪਾਹ ਦੀ ਫ਼ਸਲ ਵਿੱਚ ਅਗਾਂਹਵਧੂ ਕਿਸਾਨਾਂ ਲਈ ਇੱਕ ਸਿਖਲਾਈ ਪ੍ਰੋਗਰਾਮ ਦਾ ਆਯੋਜਨ ਮੁੱਖ ਖੇਤੀਬਾੜੀ ਦਫ਼ਤਰ ਕੰਪਲੈਕਸ ਬਠਿੰਡਾ ਵਿਖੇ ਕੀਤਾ । ਇਸ ਵਿੱਚ 100 ਅਗਾਂਹਵਧੂ ਕਿਸਾਨਾਂ ਅਤੇ ਖੇਤੀਬਾੜੀ ਵਿਭਾਗ ਦੇ ਦੱਸ ਅਧਿਕਾਰੀਆਂ ਨੇ ਸਿਖਿਆਰਥੀਆਂ ਵਜੋਂ ਹਿੱਸਾ ਲਿਆ । ਸਿਖਿਆਰਥੀਆਂ ਨੂੰ NPSS ਮੋਬਾਈਲ ਐਪ ਤੇ ਐਪਲੀਕੇਸ਼ਨ ਰਾਹੀਂ ਡਾਟਾ ਇਕੱਠਾ ਕਰਨ, ਮੁੱਖ ਕੀੜੇ ਅਤੇ ਬਿਮਾਰੀਆਂ, ਆਈ ਪੀ ਐਮ ਅਭਿਆਸਾਂ, ਕੁਦਰਤੀ ਦੁਸ਼ਮਣਾਂ ਤੇ ਬਾਇਓ ਕੰਟਰੋਲ ਏਜੰਟਾਂ, ਸਰਵੇਖਣ, ਨਿਗਰਾਨੀ ਅਤੇ ਨਮੂਨੇ, ਜਾਲਾਂ ਦੀ ਵਰਤੋਂ ਅਤੇ ਫੀਲਡ ਪ੍ਰਦਰਸ਼ਨ ਬਾਰੇ ਜਾਣਕਾਰੀ ਦਿੱਤੀ ਗਈ। ਕੀਟ ਪ੍ਰਬੰਧਨ ਕੇਂਦਰ ਦੇ ਅਫਸਰ-ਇਨਚਾਰਜ, ਡਾ. ਪੀ.ਸੀ. ਭਾਰਦਵਾਜ ਨੇ, ਆਈ.ਪੀ.ਐੱਮ. ਦੀ ਧਾਰਨਾ ਅਤੇ ਜਰੂਰਤਾਂ ਬਾਰੇ ਜਾਗਰੂਕ ਕੀਤਾ। ਉਨ੍ਹਾਂ ਵਾਤਾਵਰਨ ਪ੍ਰਦੂਸ਼ਣ ਅਤੇ ਕੀਟਨਾਸ਼ਕਾਂ ਦੇ ਮਾੜੇ ਪ੍ਰਭਾਵਾਂ ਤੋਂ

ਬਚਣ ਲਈ ਸਾਰੇ ਆਈ.ਪੀ.ਐਮ. ਟੂਲਾਂ ਨੂੰ ਇਕ ਸਾਰ ਤਰੀਕੇ ਨਾਲ ਅਪਣਾ ਕੇ ਕਪਾਹ ਦੀ ਫ਼ਸਲ ਵਿੱਚ ਕੀੜਿਆਂ ਤੇ ਬਿਮਾਰੀਆਂ ਦਾ ਪ੍ਰਬੰਧਨ ਕਰਨ ਦੀ ਜਰੂਰਤ 'ਤੇ ਜ਼ੋਰ ਦਿੱਤਾ । ਪੀ.ਏ.ਯੂ., ਕੇ.ਵੀ.ਕੇ.ਬਠਿੰਡਾ ਦੇ ਪ੍ਰੋਫੈਸਰ ਪਸਾਰ ਸਿੱਖਿਆ ਡਾ.ਗੁਰਮੀਤ ਸਿੰਘ ਨੇ ਨਰਮੇ ਦੀ ਬਿਜਾਈ ਸਮੇਂ ਰੱਖਣ ਵਾਲੀਆਂ ਸਾਵਧਾਨੀਆਂ ਬਾਰੇ ਜਾਗਰੂਕ ਕੀਤਾ । ਖੇਤੀ ਵਿਗਿਆਨੀਆਂ ਡਾ. ਵਿਨੈ ਪਠਾਨੀਆ, ਪਵਨ ਕੁਮਾਰ, ਚੇਤਨ ਜਨਵਾਦ, ਅੰਕਿਤ ਕੁਮਾਰ ਅਤੇ ਚੰਦਰਭਾਨ ਨੇ ਵੀ ਆਪਣੇ ਵਿਚਾਰ ਰੱਖੇ।

-----------------------------------------------------

ਵਿਦਿਆ ਭਾਰਤੀ ਪੰਜਾਬ ਦੀ ਇਕ ਮੀਟਿੰਗ ਅੱਜ ਵਿਦਿਆ ਧਾਮ ਜਲੰਧਰ ਵਿਖੇ ਹੋਈ । ਖੇਤਰੀ ਸੰਗਠਨ ਮੰਤਰੀ ਦੇਸਰਾਜ ਸ਼ਰਮਾ ਨੇ ਕਿਹਾ ਕਿ ਸਿੱਖਿਆ ਦਾ ਮੂਲ ਉਦੇਸ਼ ਕਦੇ ਨਹੀਂ ਬਦਲਦਾ ਅਤੇ ਸਿੱਖਿਆ ਨੂੰ ਭਾਰਤ ਦੇ ਵਿਚਾਰ ਨਾਲ ਜੋੜਿਆ ਜਾਣਾ ਚਾਹੀਦਾ ਏ । ਪ੍ਰਿੰਸੀਪਲਾਂ ਨੂੰ ਕਲਪਨਾ-ਸ਼ੀਲ ਸ਼ਖ਼ਸੀਅਤ ਵੱਲ ਵਧਣ ਲਈ ਪ੍ਰੇਰਿਤ ਕਰਦਿਆਂ ਉਨ੍ਹਾਂ ਕਿਹਾ ਕਿ ਭਾਰਤ ਦਾ ਇਹ ਨਾਜ਼ੁਕ ਦੌਰ ਏ ਜਿਸ ਲਈ ਸਖ਼ਤ ਮਿਹਨਤ

ਦੀ ਜਰੂਰਤ ਏ । ਸੰਗਠਨ ਮੰਤਰੀ ਰਾਜਿੰਦਰ ਕੁਮਾਰ ਨੇ ਕਲੱਸਟਰ ਯੋਜਨਾ ਦੇ ਵਿਸ਼ੇ 'ਤੇ ਕਿਹਾ ਕਿ ਕਲੱਸਟਰ ਨਿਰੋਲ ਵਿਦਿਅਕ ਇਕਾਈ ਏ । ਵੱਖ-ਵੱਖ ਕਲੱਸਟਰਾਂ ਦੇ ਪ੍ਰਿੰਸੀਪਲਾਂ ਨੇ ਆਪਣੇ ਕਲੱਸਟਰਾਂ ਵਿੱਚ ਕੀਤੀਆਂ ਕਾਢਾਂ ਨਾਲ ਸਬੰਧਤ ਰਿਪੋਰਟਾਂ ਪੇਸ਼ ਕੀਤੀਆਂ । ਸੂਬਾ ਜਨਰਲ ਸਕੱਤਰ ਡਾ: ਨਵਦੀਪ ਸ਼ੇਖਰ ਨੇ ਵਿਦਿਅਕ ਵਿਸ਼ੇ ਨੂੰ ਲੈ ਕੇ ਪ੍ਰਿੰਸੀਪਲਾਂ ਨਾਲ ਪਾਠਕ੍ਰਮ, ਪਾਠ ਯੋਜਨਾ, ਨਿਯਮਤ ਪ੍ਰੀਖਿਆਵਾਂ, ਬੋਰਡ ਦੇ ਨਤੀਜੇ ਅਤੇ ਸਲਾਹਕਾਰ ਸਕੀਮ ਵਿਸ਼ਿਆਂ ਬਾਰੇ ਚਰਚਾ ਕੀਤੀ । ਡਾ: ਗਗਨਦੀਪ ਪਰਾਸ਼ਰ ਨੇ ਵਿਦਿਆ ਭਾਰਤੀ ਪੰਜਾਬ ਵੱਲੋਂ ਚਲਾਈਆਂ ਜਾ ਰਹੀਆਂ ਵਿਦਿਅਕ ਕੌਂਸਲਾਂ ਅਤੇ ਹੋਰ ਗਤੀਵਿਧੀਆਂ ਦੀ ਜਾਣਕਾਰੀ ਸਾਂਝੀ ਕੀਤੀ । ਸਟੇਟ ਟਰੇਨਿੰਗ ਹੈੱਡ ਵਿਕਰਮ ਸਮਾਲ ਨੇ ਟ੍ਰੇਨਿੰਗ ਦੀ ਮਹੱਤਤਾ ਅਤੇ ਭਵਿੱਖ ਵਿੱਚ ਹੋਣ ਵਾਲੀਆਂ ਟ੍ਰੇਨਿੰਗ ਕਲਾਸਾਂ ਬਾਰੇ ਜਾਣਕਾਰੀ ਦਿੱਤੀ ।

---------------------------------------------------------

ਪੰਜਾਬ ਵਿੱਚ ਗਰਮੀ ਦਾ ਕਹਿਰ ਦਿਨੋਂ ਦਿਨ ਵੱਧ ਰਿਹਾ ਏ। ਮੌਸਮ ਵਿਭਾਗ ਨੇ ਵੀ ਅਗਲੇ ਚਾਰ ਦਿਨ ਤਕ ਸੂਬੇ ਵਿਚ ਲੂ ਸੰਬੰਧੀ ਯੈਲੋ ਤੇ

ਓਰੇਂਜ ਅਲਰਟ ਜਾਰੀ ਕੀਤਾ ਏ। ਜ਼ਿਕਰਯੋਗ ਏ ਕਿ 40 ਡਿਗਰੀ ਤੋਂ ਵੱਧ ਤਾਪਮਾਨ ਹੋਣ ਤੇ ਲੂ ਵਰਗੀ ਸਥਿਤੀ ਬਣ ਜਾਂਦੀ ਏ, ਜਿਹੜੀ ਸਰੀਰ ਦੀ ਤਾਪਮਾਨ ਪ੍ਰਣਾਲੀ ਨੂੰ ਵਿਗਾੜ ਦਿੰਦੀ ਏ ਅਤੇ ਗਰਮੀ ਨਾਲ ਸਬੰਧਿਤ ਬੀਮਾਰੀਆਂ ਦਾ ਕਾਰਨ ਬਣਦੀ ਏ। ਬੀਤੇ ਕਲ ਲੁਧਿਆਣਾ ਜ਼ਿਲੇ ਦੇ ਸਮਰਾਲਾ ਵਿਖੇ ਤਾਪਮਾਨ 44.5 ਡਿਗਰੀ ਸੈਲਸੀਅਸ ਦਰਜ਼ ਕੀਤਾ ਗਿਆ।

***ਵੇਰਵੇ ਨਾਲ ਇਹ ਰਿਪੋਰਟ : ਸੂਬੇ ਵਿਚ ਵੱਟ ਕੱਢਵੀਂ ਗਰਮੀ ਦਾ ਦੌਰ ਸ਼ੁਰੂ ਹੋ ਚੁੱਕਾ ਏ। ਸਵੇਰ ਤੋਂ ਹੀ ਸੂਰਜ ਦੇ ਤਪਣ ਨਾਲ ਚਾਰੋਂ ਪਾਸਿਆਂ ਦਾ ਮਾਹੌਲ ਇਕਦਮ ਗਰਮ ਹੋ ਰਿਹਾ ਏ ਅਤੇ ਇਸਦੇ ਨਾਲ ਚਲਦਿਆਂ ਗਰਮ ਹਵਾਵਾਂ ਲੋਕਾਂ ਨੂੰ ਖਾਸ ਤੌਰ ਤੇ ਪਰੇਸ਼ਾਨ ਕਰ ਰਹੀਆਂ ਨੇ। ਮੌਸਮ ਵਿਭਾਗ ਅਨੁਸਾਰ ਫਿਲਹਾਲ 20 ਮਈ ਤਕ ਅਤ ਦੀ ਇਸ ਗਰਮੀ ਤੋਂ ਰਾਹਤ ਮਿਲਣ ਦੇ ਕੋਈ ਆਸਾਰ ਨਹੀਂ ਨੇ ਅਤੇ ਕਈ ਹਿੱਸਿਆਂ ਵਿੱਚ ਤਾਂ ਤਾਪਮਾਨ 44 ਤੋਂ 46 ਡਿਗਰੀ ਸੈਲਸੀਅਸ ਦੇ ਰਿਕਾਰਡ ਪੱਧਰ ਤੱਕ ਵੀ ਪਹੁੰਚ ਸਕਦਾ ਏ। ਪਠਾਨਕੋਟ, ਗੁਰਦਾਸਪੁਰ, ਹੁਸ਼ਿਆਰਪੁਰ ਅਤੇ ਰੂਪਨਗਰ ਜ਼ਿਲਿਆਂ***

ਨੂੰ ਛੱਡ ਕੇ ਅੱਜ ਸਮੁਚੇ ਪੰਜਾਬ ਵਿਚ ਲੂ ਸੰਬੰਧੀ ਯੈਲੋ ਅਲਰਟ ਸੀ ਅਤੇ ਠੀਕ ਇਸਦੇ ਮੁਤਾਬਕ ਹੀ ਸਵੇਰ ਤੋਂ ਹੀ ਜਬਰਦਸਤ ਗਰਮੀ ਨਾਲ ਲੂ ਵਰਗੇ ਹਾਲਾਤ ਬਣੇ ਰਹੇ। ਗਰਮੀ ਨਾਲ ਦਿਨ ਵੇਲੇ ਸੜਕਾਂ ਤੇ ਆਵਾਜਾਈ ਤੇ ਵੀ ਕਾਫੀ ਅਸਰ ਪੈ ਰਿਹਾ ਏ। ਸਕੂਲ ਜਾਣ ਵਾਲੇ ਬੱਚੇ ਖ਼ਾਸਤੌਰ ਤੇ ਪਰੇਸ਼ਾਨ ਨੇ ਕਿਓਂਕਿ ਦੁਪਹਿਰ ਵੇਲੇ ਛੁੱਟੀ ਹੋਣ ਤੇ ਘਰ ਵਾਪਸੀ ਸਮੇਂ ਗਰਮੀ ਦੀ ਮਾਰ ਝੱਲਣੀ ਪੈ ਰਹੀ ਏ।

18 ਤੋਂ 20 ਮਈ

ਤਕਅੰਮ੍ਰਿਤਸਰ, ਤਰਨਤਾਰਨ, ਫਿਰੋਜ਼ਪੁਰ, ਫਾਜ਼ਿਲਕਾ, ਫਰੀਦਕੋਟ, ਮੁਕਤਸਰ, ਮੋਗਾ, ਬਠਿੰਡਾ ਅਤੇ ਮਾਨਸਾ ਜ਼ਿਲਿਆਂ ਵਿਚ ਓਰੇਂਜ ਜਦਕਿ ਹੋਰਨਾਂ ਜ਼ਿਲਿਆਂ ਵਿਚ ਹੀਟ ਵੇਵ ਯਾਨੀ ਲੂ ਸੰਬੰਧੀ ਯੈਲੋ ਅਲਰਟ ਜਾਰੀ ਕੀਤਾ ਗਿਆ ਏ। ਲੂ ਦੇ ਇਸ ਹਾਲਾਤ ਨੂੰ ਵੇਖਦਿਆਂ ਲੋਕਾਂ ਨੂੰ ਪੂਰੀ ਸਾਵਧਾਨੀ ਵਰਤਣ ਅਤੇ ਜਰੂਰੀ ਹੋਣ ਤੇ ਹੀ ਘਰੋਂ ਬਾਹਰ ਨਿਕਲਣ ਦੀ ਸਲਾਹ ਦਿੱਤੀ ਗਈ ਏ। ਖ਼ਾਸਤੌਰ ਤੇ ਦੁਪਹਿਰ ਵੇਲੇ ਘਰੋਂ ਬਾਹਰ ਨਾ ਨਿਕਲਣ ਅਤੇ ਇਸਦੇ ਨਾਲ ਹੀ ਪਾਣੀ ਜਾਂ ਓ

***ਆਰ ਐਸ ਘੋਲ ਦਾ ਸੇਵਨ ਲਗਾਤਾਰ ਕਰਦੇ ਲਈ ਆਖਿਆ ਗਿਆ ਏ । ਸ਼ਿਸ਼ੂ ਸ਼ਰਮਾ ਸ਼ਾਂਤਲ, ਆਕਾਸ਼ਵਾਣੀ ਸਮਾਚਾਰ, ਜਲੰਧਰ***

---------------------------------------------------------

ਏਸ ਦੌਰਾਨ ਸਿੱਖਿਆ ਵਿਭਾਗ ਨੇ ਫੈਸਲਾ ਲਿਆ ਏ ਕਿ ਸੂਬੇ ਦੇ ਸਾਰੇ ਸਰਕਾਰੀ, ਪ੍ਰਾਈਵੇਟ, ਅਰਧ-ਸਰਕਾਰੀ ਅਤੇ ਮਾਨਤਾ ਪ੍ਰਾਪਤ ਸਕੂਲਾਂ ਵਿੱਚ ਗਰਮੀ ਦੀਆਂ ਛੁੱਟੀਆਂ ਪਹਿਲੀ ਜੂਨ ਤੋਂ ਹੋਣਗੀਆਂ । ਸਕੂਲ 30 ਜੂਨ ਤੱਕ ਬੰਦ ਰਹਿਣਗੇ । ਸਕੂਲ ਸਿੱਖਿਆ ਮਹਿਕਮੇ ਦੇ ਸਕੱਤਰ ਕਮਲ ਕਿਸ਼ੋਰ ਯਾਦਵ ਵੱਲੋਂ ਇਸ ਸਬੰਧੀ ਅੱਜ ਇੱਕ ਪੱਤਰ ਜਾਰੀ ਕੀਤਾ ਗਿਆ ਏ । ਉਧਰ ਅਧਿਆਪਕ ਜਥੇਬੰਦੀਆਂ ਦਾ ਕਹਿਣਾ ਏ ਕਿ ਭਾਰੀ ਗਰਮੀ ਨੂੰ ਵੇਖਦਿਆਂ ਸਰਕਾਰ ਨੂੰ ਆਪਣੇ ਫੈਸਲੇ ਤੇ ਨਜ਼ਰਸਾਨੀ ਕਰਨੀ ਚਾਹੀਦੀ ਏ ਅਤੇ ਇਹ ਛੁੱਟੀਆਂ ਮਈ ਦੇ ਤੀਜੇ ਹਫ਼ਤੇ ਤੋਂ ਕਰਨ ਦੀ ਜਰੂਰਤ ਏ ।

---------------------------------------------------------

ਅਖੀਰ ਵਿਚ ਖ਼ਾਸ ਖਬਰਾਂ ਇਕ ਵਾਰ ਫੇਰ ਤੋਂ

- ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ, ਆਜ਼ਾਦ, ਨਿਰਪੱਖ ਤੇ ਸ਼ਾਂਤਮਈ ਚੋਣਾਂ ਯਕੀਨੀ ਬਣਾਉਣ ਲਈ, ਸਾਰੇ ਜ਼ਿਲ੍ਹਾ ਚੋਣ ਅਫ਼ਸਰਾਂ ਤੇ ਪੁਲਿਸ ਅਧਿਕਾਰੀਆਂ ਨਾਲ ਵੀਡੀਓ ਕਾਨਫਰੰਸਿੰਗ ਰਾਹੀਂ ਚੋਣ ਪ੍ਰਬੰਧਾਂ ਦਾ ਜਾਇਜ਼ਾ ਲਿਆ।
- ਕੇਂਦਰੀ ਏਕੀਕ੍ਰਿਤ ਕੀਟ ਪ੍ਰਬੰਧਨ ਕੇਂਦਰ ਨੇ, ਕਪਾਹ ਤੇ ਫੇਰੋਮੋਨ ਬੇਸ ਟਰੈਪ ਰਾਹੀਂ, ਗੁਲਾਬੀ ਸੁੰਡੀ ਦੀ ਨਿਗਰਾਨੀ ਲਈ ਬਠਿੰਡਾ ਵਿਖੇ ਸਿਖਲਾਈ ਪ੍ਰੋਗਰਾਮ ਆਯੋਜਿਤ ਕੀਤਾ।
- ਪੰਜਾਬ ਵਿੱਚ ਗਰਮੀ ਦਾ ਕਹਿਰ ਦਿਨੋਂ ਦਿਨ ਵੱਧ ਰਿਹਾ ਏ, ਮੌਸਮ ਵਿਭਾਗ ਨੇ ਅਗਲੇ ਚਾਰ ਦਿਨ ਤਕ ਜਬਰਦਸਤ ਲੂ ਸੰਬੰਧੀ ਓਰੇਂਜ ਤੇ ਯੈਲੋ ਅਲਰਟ ਜਾਰੀ ਕੀਤਾ।